ਬਸੰਤੁ ਮਹਲਾ ੫ ॥ ਜਿਸੁ ਬੋਲਤ ਮੁਖੁ ਪਵਿਤੁ ਹੋਇ ॥ ਜਿਸੁ ਸਿਮਰਤ ਨਿਰਮਲ ਹੈ ਸੋਇ ॥ ਜਿਸੁ ਅਰਾਧੇ ਜਮੁ ਕਿਛੁ ਨ ਕਹੈ ॥ ਜਿਸ ਕੀ ਸੇਵਾ ਸਭੁ ਕਿਛੁ ਲਹੈ ॥੧॥ ਰਾਮ ਰਾਮ ਬੋਲਿ ਰਾਮ ਰਾਮ ॥ ਤਿਆਗਹੁ ਮਨ ਕੇ ਸਗਲ ਕਾਮ ॥੧॥ ਰਹਾਉ ॥ ਜਿਸ ਕੇ ਧਾਰੇ ਧਰਣਿ ਅਕਾਸੁ ॥ ਘਟਿ ਘਟਿ ਜਿਸ ਕਾ ਹੈ ਪ੍ਰਗਾਸੁ ॥ ਜਿਸੁ ਸਿਮਰਤ ਪਤਿਤ ਪੁਨੀਤ ਹੋਇ ॥ ਅੰਤ ਕਾਲਿ ਫਿਰਿ ਫਿਰਿ ਨ ਰੋਇ ॥੨॥ ਸਗਲ ਧਰਮ ਮਹਿ ਊਤਮ ਧਰਮ ॥ ਕਰਮ ਕਰਤੂਤਿ ਕੈ ਊਪਰਿ ਕਰਮ ॥ ਜਿਸ ਕਉ ਚਾਹਹਿ ਸੁਰਿ ਨਰ ਦੇਵ ॥ ਸੰਤ ਸਭਾ ਕੀ ਲਗਹੁ ਸੇਵ ॥੩॥ ਆਦਿ ਪੁਰਖਿ ਜਿਸੁ ਕੀਆ ਦਾਨੁ ॥ ਤਿਸ ਕਉ ਮਿਲਿਆ ਹਰਿ ਨਿਧਾਨੁ ॥ ਤਿਸ ਕੀ ਗਤਿ ਮਿਤਿ ਕਹੀ ਨ ਜਾਇ ॥ ਨਾਨਕ ਜਨ ਹਰਿ ਹਰਿ ਧਿਆਇ ॥੪॥੯॥ {ਪੰਨਾ 1182}

ਪਦਅਰਥ:- ਜਿਸ ਬੋਲਤੁ—ਜਿਸ ਹਰਿ-ਨਾਮ ਨੂੰ ਉਚਾਰਦਿਆਂ। ਹੋਇ—ਹੋ ਜਾਂਦਾ ਹੈ {ਇਕ-ਵਚਨ}। ਨਿਰਮਲ ਸੋਇ—ਬੇ-ਦਾਗ਼ ਸੋਭਾ। ਸਭੁ ਕਿਛੁ—ਹਰੇਕ (ਲੋੜੀਂਦੀ) ਚੀਜ਼। ਲਹੈ—(ਮਨੁੱਖ) ਪ੍ਰਾਪਤ ਕਰ ਲੈਂਦਾ ਹੈ।1।

ਬੋਲਿ—ਉਚਾਰਿਆ ਕਰ, ਸਿਮਰਿਆ ਕਰ। ਕੇ—ਦੇ। ਕਾਮ—ਵਾਸਨਾ।1। ਰਹਾਉ।

ਜਿਸ ਕੇ—{ਸੰਬੰਧਕ 'ਕੇ' ਦੇ ਕਾਰਨ ਲਫ਼ਜ਼ 'ਜਿਸੁ' ਦਾ ੁ ਉੱਡ ਗਿਆ ਹੈ}। ਧਾਰੇ—ਟਿਕਾਏ ਹੋਏ। ਧਰਣਿ—ਧਰਤੀ। ਘਟਿ ਘਟਿ—ਹਰੇਕ ਸਰੀਰ ਵਿਚ। ਪ੍ਰਗਾਸੁ—ਨੂਰ, ਚਾਨਣ। ਪਤਿਤ—ਵਿਕਾਰੀ, ਵਿਕਾਰਾਂ ਵਿਚ ਡਿੱਗਾ ਹੋਇਆ। ਅੰਤ ਕਾਲਿ—ਅਖ਼ੀਰ ਦੇ ਵੇਲੇ। ਕਾਲਿ—ਸਮੇ ਵਿਚ। ਨ ਰੋਇ—ਨਹੀਂ ਰੋਂਦਾ।2।

ਊਤਮ—ਸ੍ਰੇਸ਼ਟ। ਕੈ ਉਪਰਿ—ਦੇ ਉੱਤੇ, ਤੋਂ ਵਧੀਆ। ਚਾਹਹਿ—ਤਾਂਘਦੇ ਹਨ {ਬਹੁ-ਵਚਨ}। ਸੁਰਿ ਨਰ—ਦੈਵੀ ਗੁਣਾਂ ਵਾਲੇ ਮਨੁੱਖ। ਦੇਵ—ਦੇਵਤੇ। ਜਿਸ ਕਉ—{ਸੰਬੰਧਕ 'ਕਉ' ਦੇ ਕਾਰਨ ਲਫ਼ਜ਼ 'ਜਿਸੁ' ਦਾ ੁ ਉੱਡ ਗਿਆ ਹੈ}।3।

ਆਦਿ ਪੁਰਖਿ—ਆਦਿ ਪੁਰਖ ਨੇ, ਸਭ ਦੇ ਮੂਲ ਤੇ ਸਰਬ-ਵਿਆਪਕ ਪ੍ਰਭੂ ਨੇ। ਨਿਧਾਨੁ—ਨਾਮ-ਖ਼ਜ਼ਾਨਾ। ਤਿਸ ਕਉ, ਤਿਸ ਕੀ—{ਲਫ਼ਜ਼ 'ਤਿਸੁ' ਦਾ ੁ ਉੱਡ ਗਿਆ ਹੈ ਸੰਬੰਧਕ 'ਕਉ' ਅਤੇ 'ਕੀ' ਦੇ ਕਾਰਨ}। ਗਤਿ—ਉੱਚੀ ਆਤਮਕ ਅਵਸਥਾ। ਮਿਤਿ—ਵਡੱਪਣ।4।

ਅਰਥ:- ਹੇ ਭਾਈ! ਸਦਾ ਪਰਮਾਤਮਾ ਦਾ ਨਾਮ ਉਚਾਰਿਆ ਕਰ, ਹਰਿ-ਨਾਮ ਉਚਾਰਿਆ ਕਰ। ਆਪਣੇ ਮਨ ਦੀਆਂ ਹੋਰ ਸਾਰੀਆਂ ਵਾਸ਼ਨਾਂ ਛੱਡ ਦੇਹ।1। ਰਹਾਉ।

ਹੇ ਭਾਈ! (ਉਹ ਹਰਿ-ਨਾਮ ਉਚਾਰਿਆ ਕਰ) ਜਿਸ ਨੂੰ ਉਚਾਰਦਿਆਂ ਮੂੰਹ ਪਵਿੱਤਰ ਹੋ ਜਾਂਦਾ ਹੈ,

ਜਿਸ ਨੂੰ ਸਿਮਰਦਿਆਂ (ਲੋਕ ਪਰਲੋਕ ਵਿਚ) ਬੇ-ਦਾਗ਼ ਸੋਭਾ ਮਿਲਦੀ ਹੈ, ਜਿਸ ਨੂੰ ਅਰਾਧਦਿਆਂ ਜਮ-ਰਾਜ ਕੁਝ ਨਹੀਂ ਆਖਦਾ (ਡਰਾ ਨਹੀਂ ਸਕਦਾ) ਜਿਸ ਦੀ ਸੇਵਾ-ਭਗਤੀ ਨਾਲ (ਮਨੁੱਖ) ਹਰੇਕ (ਲੋੜੀਂਦੀ) ਚੀਜ਼ ਹਾਸਲ ਕਰ ਲੈਂਦਾ ਹੈ।1।

ਹੇ ਭਾਈ! (ਉਸ ਪਰਮਾਤਮਾ ਦਾ ਨਾਮ ਸਿਮਰਿਆ ਕਰ) ਧਰਤੀ ਤੇ ਆਕਾਸ਼ ਜਿਸ ਦੇ ਟਿਕਾਏ ਹੋਏ ਹਨ, ਜਿਸ ਦਾ ਨੂਰ ਹਰੇਕ ਸਰੀਰ ਵਿਚ ਹੈ, ਜਿਸ ਨੂੰ ਸਿਮਰਦਿਆਂ ਵਿਕਾਰੀ ਮਨੁੱਖ (ਭੀ) ਸੁੱਚੇ ਜੀਵਨ ਵਾਲਾ ਹੋ ਜਾਂਦਾ ਹੈ, (ਤੇ, ਜਿਸ ਦੀ ਬਰਕਤਿ ਨਾਲ) ਅੰਤ ਸਮੇ (ਮਨੁੱਖ) ਮੁੜ ਮੁੜ ਦੁਖੀ ਨਹੀਂ ਹੁੰਦਾ।2।

ਹੇ ਭਾਈ! (ਪਰਮਾਤਮਾ ਦਾ ਨਾਮ ਸਿਮਰਿਆ ਕਰ) ਸਾਰੇ ਧਰਮਾਂ ਵਿਚੋਂ (ਨਾਮ-ਸਿਮਰਨ ਹੀ) ਸਭ ਤੋਂ ਸ੍ਰੇਸ਼ਟ ਧਰਮ ਹੈ, ਇਹੀ ਕਰਮ ਹੋਰ ਸਾਰੇ ਧਾਰਮਿਕ ਕਰਮਾਂ ਨਾਲੋਂ ਉੱਤਮ ਹੈ। ਹੇ ਭਾਈ! (ਉਸ ਪਰਮਾਤਮਾ ਨੂੰ ਯਾਦ ਕਰਿਆ ਕਰ) ਜਿਸ ਨੂੰ (ਮਿਲਣ ਲਈ) ਦੈਵੀ ਗੁਣਾਂ ਵਾਲੇ ਮਨੁੱਖ ਅਤੇ ਦੇਵਤੇ ਭੀ ਲੋਚਦੇ ਹਨ। ਹੇ ਭਾਈ! ਸਾਧ ਸੰਗਤਿ ਦੀ ਸੇਵਾ ਕਰਿਆ ਕਰ (ਸਾਧ ਸੰਗਤਿ ਵਿਚੋਂ ਹੀ ਨਾਮ-ਸਿਮਰਨ ਦੀ ਦਾਤਿ ਮਿਲਦੀ ਹੈ)।3।

ਹੇ ਭਾਈ! ਸਭ ਦੇ ਮੂਲ ਅਤੇ ਸਰਬ-ਵਿਆਪਕ ਪ੍ਰਭੂ ਨੇ ਜਿਸ ਮਨੁੱਖ ਨੂੰ ਦਾਤਿ ਬਖ਼ਸ਼ੀ, ਉਸ ਨੂੰ ਹਰਿ-ਨਾਮ ਦਾ ਖ਼ਜ਼ਾਨਾ ਮਿਲ ਗਿਆ। ਹੇ ਦਾਸ ਨਾਨਕ! ਸਦਾ ਪਰਮਾਤਮਾ ਦਾ ਨਾਮ ਸਿਮਰਿਆ ਕਰ, ਉਸ ਦੀ ਬਾਬਤ ਇਹ ਨਹੀਂ ਦੱਸਿਆ ਜਾ ਸਕਦਾ ਕਿ ਉਹ ਕਿਹੋ ਜਿਹਾ ਹੈ ਅਤੇ ਕੇਡਾ ਵੱਡਾ ਹੈ।4।9।